# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 22-10-2025**

ਭਾਰਤ ਨੇ ਦੁਨੀਆ ਦੇ ਕੁੱਲ ਜੰਗਲਾਤ ਖੇਤਰ ਵਿਚ ਮਹੱਤਵਪੂਰਨ ਉਪਲਬਧੀ ਹਾਸਲ ਕਰਦਿਆਂ ਨੌਵਾਂ ਸਥਾਨ ਪ੍ਰਾਪਤ ਕਰਕੇ ਵਿਸ਼ਵ ਵਾਤਾਵਰਣ ਸੁਰੱਖਿਆ ਵਿੱਚ ਇੱਕ ਅਹਿਮ ਮੀਲ ਪੱਥਰ ਸਥਾਪਤ ਕੀਤਾ ਏ। ਇਹ ਜਾਣਕਾਰੀ ਇੰਡੋਨੇਸ਼ੀਆ ਦੇ ਬਾਲੀ ਵਿੱਚ ਖੁਰਾਕ ਅਤੇ ਖੇਤੀਬਾੜੀ ਸੰਗਠਨ ਦੁਆਰਾ ਜਾਰੀ ਕੀਤੇ ਗਏ ਗਲੋਬਲ ਜੰਗਲਾਤ ਸਰੋਤ ਮੁਲਾਂਕਣ 2025 ਵਿੱਚ ਦਰਜ ਕੀਤੀ ਗਈ ਏ। ਕੇਂਦਰੀ ਵਾਤਾਵਰਣ ਮੰਤਰੀ ਭੂਪੇਂਦਰ ਯਾਦਵ ਨੇ ਕਿਹਾ ਕਿ ਪਿਛਲੇ ਮੁਲਾਂਕਣ ਵਿੱਚ ਦਸਵੇਂ ਸਥਾਨ ਤੋਂ ਤਾਜ਼ਾ ਮੁਲਾਂਕਣ ਵਿੱਚ ਨੌਵੇਂ ਸਥਾਨ 'ਤੇ ਆਉਣਾ ਇੱਕ ਵੱਡੀ ਪ੍ਰਾਪਤੀ ਏ। ਇਹ ਪ੍ਰਗਤੀ ਜੰਗਲਾਤ ਸੰਭਾਲ, ਜੰਗਲਾਤ ਅਤੇ ਭਾਈਚਾਰਕ ਯਤਨਾਂ ਰਾਹੀਂ ਵਾਤਾਵਰਣ ਸੁਰੱਖਿਆ ਵੱਲ ਸਰਕਾਰ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਦੀ ਸਫਲਤਾ ਨੂੰ ਦਰਸਾਉਂਦੀ ਏ। ਸ਼੍ਰੀ ਯਾਦਵ ਨੇ ਕਿਹਾ ਕਿ ਭਾਰਤ ਸਾਲਾਨਾ ਜੰਗਲਾਤ ਖੇਤਰ ਵਿਕਾਸ ਵਿੱਚ ਵਿਸ਼ਵ ਪੱਧਰ 'ਤੇ ਤੀਜੇ ਸਥਾਨ 'ਤੇ ਬਣਿਆ ਹੋਇਆ ਏ। ਇਹ ਵਾਤਾਵਰਣ ਸੁਰੱਖਿਆ ਅਤੇ

ਟਿਕਾਊ ਵਿਕਾਸ ਪ੍ਰਤੀ ਦੇਸ਼ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। ਉਨ੍ਹਾਂ ਅੱਗੇ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪਹਿਲ, "ਏਕ ਪੇੜ ਮਾਂ ਕੇ ਨਾਮ", ਪੂਰੇ ਦੇਸ਼ ਨੂੰ ਰੁੱਖ ਲਾਉਣ ਲਈ ਪ੍ਰੇਰਿਤ ਕਰ ਰਹੀ ਏ। ਇਹ ਭਵਿੱਖ ਵਿੱਚ ਹਰੀ ਅਤੇ ਸਾਫ਼ ਭੂਮੀ ਵਿਕਾਸ ਨੂੰ ਉਤਸ਼ਾਹਿਤ ਕਰੇਗਾ।

---------------------------------------------------------------------------------

ਪੰਜਾਬ ਦੇ ਵਿਦਿਅਕ ਅਦਾਰੇ ਨੌਵੇਂ ਪਾਤਿਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ, ਸਿੱਖਿਆਵਾਂ ਅਤੇ ਸ਼ਹਾਦਤ ਨੂੰ ਉਜਾਗਰ ਕਰਨ ਵਾਲੇ ਵਿਆਪਕ ਸੈਮੀਨਾਰ ਆਯੋਜਿਤ ਕਰਨਗੇ। ਇਹ ਸੈਮੀਨਾਰ ਰਾਜ ਦੇ ਨੌਜਵਾਨਾਂ ਵਿੱਚ ਕੁਰਬਾਨੀ ਅਤੇ ਧਾਰਮਿਕ ਆਜ਼ਾਦੀ ਦੀਆਂ ਕਦਰਾਂ-ਕੀਮਤਾਂ ਭਰਨ ਦੇ ਨਾਲ-ਨਾਲ ਉਨ੍ਹਾਂ ਨੂੰ ਗੁਰੂ ਸਾਹਿਬ ਵੱਲੋਂ ਦਰਸਾਏ ਗਏ ਨਿਆਂ, ਧਰਮ ਅਤੇ ਨੈਤਿਕ ਕਦਰਾਂ-ਕੀਮਤਾਂ ਤੋਂ ਸਿੱਖਿਆ ਲੈਣ ਲਈ ਪ੍ਰੇਰਿਤ ਕਰਨਗੇ। ਇਨ੍ਹਾਂ ਸੈਮੀਨਾਰਾਂ ਲਈ ਪ੍ਰਸਿੱਧ ਸਿੱਖ ਵਿਦਵਾਨਾਂ ਨੂੰ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀ ਕੁਰਬਾਨੀ ਬਾਰੇ ਜਾਗਰੂਕ ਕਰਨ ਲਈ ਸੱਦਾ ਦਿੱਤਾ ਜਾਵੇਗਾ, ਜਿਨ੍ਹਾਂ ਨੇ ਵਿਸ਼ਵਾਸ ਅਤੇ ਧਾਰਮਿਕ ਆਜ਼ਾਦੀ ਦੇ ਅਧਿਕਾਰ ਦੀ ਰੱਖਿਆ ਲਈ ਆਪਣਾ ਜੀਵਨ ਕੁਰਬਾਨ ਕਰ ਦਿੱਤਾ। ਇਹ ਸੈਮੀਨਾਰ ਗੁਰੂ ਸਾਹਿਬ ਦੇ ਸੇਵਕਾਂ ਭਾਈ ਸਤੀ ਦਾਸ ਜੀ, ਭਾਈ

ਮਤੀ ਦਾਸ ਜੀ, ਭਾਈ ਦਿਆਲਾ ਜੀ ਅਤੇ ਭਾਈ ਜੈਤਾ ਜੀ ਦੀ ਅਸਾਧਾਰਨ ਹਿੰਮਤ ਅਤੇ ਸ਼ਰਧਾ ਨੂੰ ਵੀ ਉਜਾਗਰ ਕਰਨਗੇ, ਜਿਨ੍ਹਾਂ ਦੀ ਗੁਰੂ ਸਾਹਿਬ ਪ੍ਰਤੀ ਅਟੁੱਟ ਸ਼ਰਧਾ  ਇਤਿਹਾਸ ਦੇ ਸੁਨਹਿਰੀ ਪੰਨਿਆਂ ਵਿਚ ਦਰਜ ਏ। ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਮੁਤਾਬਿਕ ਇਹ ਸੈਮੀਨਾਰ ਅਤੇ ਹੋਰ ਧਾਰਮਿਕ ਪ੍ਰੋਗਰਾਮ 27 ਅਕਤੂਬਰ ਤੋਂ 30 ਨਵੰਬਰ, 2025 ਤੱਕ ਆਯੋਜਿਤ ਕੀਤੇ ਜਾਣਗੇ।

---------------------------------------------------------------------------------------

ਅੱਜ ਦੇਸ਼ ਭਰ ਵਿਚ ਵਿਸ਼ਵਕਰਮਾ ਦਿਵਸ ਮਨਾਇਆ ਜਾ ਰਿਹਾ ਏ। ਅੰਮ੍ਰਿਤਸਰ ਦੇ ਰਾਮਬਾਗ ਘਾਹ ਮੰਡੀ ਵਿਖੇ ਬੜੀ ਧੂਮਧਾਮ ਨਾਲ ਵਿਸ਼ਵਕਰਮਾ ਦਿਵਸ ਮਨਾਇਆ ਗਿਆ। ਇਸ ਮੌਕੇ ਕਾਰੀਗਰਾਂ ਦੇ ਨਾਲ ਭਾਜਪਾ ਨੇਤਾਵਾਂ ਨੇ ਵੀ ਹਾਜ਼ਰੀ ਭਰੀ ਤੇ ਬਾਬਾ ਵਿਸ਼ਵਕਰਮਾ ਜੀ ਅੱਗੇ ਅਰਦਾਸ ਕੀਤੀ। ਮਕੈਨਿਕਾਂ ਨੇ ਆਪਣੇ ਔਜ਼ਾਰਾਂ ਤੇ ਹੋਰ ਸਾਜ਼ੋ ਸਾਮਾਨ ਨੂੰ ਕੱਚੀ ਲੱਸੀ ਨਾਲ ਧੋ ਕੇ ਉਹਨਾਂ ਦੀ ਪੂਜਾ ਕੀਤੀ। ਰਵਾਇਤੀ ਤਰੀਕੇ ਨਾਲ ਮਨਾਇਆ ਜਾਣ ਵਾਲਾ ਇਹ ਤਿਉਹਾਰ ਕਾਰੀਗਰਾਂ ਦੀ ਮਿਹਨਤ ਤੇ ਕਲਾ ਨੂੰ ਸਲਾਮ ਕਰਦਾ ਏ। ਇਸ ਮੌਕੇ ਮਕੈਨਿਕ ਬਿੱਟੂ ਬਰਾੜ ਨੇ ਕਿਹਾ ਕਿ ਉਹ ਹਰ ਸਾਲ ਵਿਸ਼ਵਕਰਮਾ ਦਿਵਸ ਬੜੇ ਚਾਅ ਨਾਲ ਮਨਾਉਂਦੇ ਨੇ। ਉਹਨਾਂ ਕਿਹਾ ਕਿ ਸਾਰੇ ਮਕੈਨਿਕ ਭਰਾਵਾਂ ਨੂੰ ਇੱਕੋ

ਪਲੇਟਫਾਰਮ ‘ਤੇ ਇਕੱਠੇ ਹੋ ਕੇ ਇਸ ਦਿਨ ਨੂੰ ਵੱਡੇ ਪੱਧਰ ‘ਤੇ ਮਨਾਉਣਾ ਚਾਹੀਦਾ ਏ। ਭਾਜਪਾ ਨੇਤਾਵਾਂ ਨੇ ਕਿਹਾ ਕਿ ਬਾਬਾ ਵਿਸ਼ਵਕਰਮਾ ਜੀ ਨੂੰ ਦੁਨੀਆਂ ਦਾ ਪਹਿਲਾ ਇੰਜੀਨੀਅਰ ਮੰਨਿਆ ਜਾਂਦਾ ਏ। ਉਹਨਾਂ ਦੀ ਦਿੱਤੀ ਪ੍ਰੇਰਨਾ ਸਦਕਾ ਅੱਜ ਹਰ ਵਿਅਕਤੀ ਹੱਥੀਂ ਕਿਰਤ ਕਰ ਕੇ ਕਮਾਈ ਕਰ ਰਿਹਾ ਏ।

---------------------------------------------------------------------------

ਡਾਕ ਵਿਭਾਗ 24 ਅਕਤੂਬਰ ਨੂੰ ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ (ਐਨ.ਆਈ.ਟੀ.), ਜਲੰਧਰ ਵਿਖੇ ਰੋਜ਼ਗਾਰ ਮੇਲੇ ਦੀ 17ਵੀਂ ਲੜੀ ਦਾ ਆਯੋਜਨ ਕਰ ਰਿਹਾ ਏ। ਇਹ ਸਮਾਗਮ ਦੇਸ਼ ਵਿਆਪੀ ਪ੍ਰੋਗਰਾਮ ਦਾ ਇੱਕ ਹਿੱਸਾ ਏ ਜਿੱਥੇ ਪ੍ਰਧਾਨ ਮੰਤਰੀ ਵੱਲੋਂ ਵਰਚੁਅਲ ਸੰਬੋਧਨ ਰਾਹੀਂ ਨਵੇਂ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਜਾਣਗੇ । ਇਸ ਰੋਜ਼ਗਾਰ ਮੇਲੇ ਵਿੱਚ 200 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਮਿਲਣ ਦੀ ਸੰਭਾਵਨਾ ਏ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਇਸ ਮਹੀਨੇ ਦੀ 26 ਤਰੀਕ ਨੂੰ ਆਕਾਸ਼ਵਾਈ 'ਤੇ "ਮਨ ਕੀ ਬਾਤ" ਪ੍ਰੋਗਰਾਮ 'ਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ। ਇਹ ਹਰ ਮਹੀਨੇ ਪ੍ਰਸਾਰਿਤ ਹੋਣ

ਵਾਲੇ ਰੇਡੀਓ ਪ੍ਰੋਗਰਾਮ ਦਾ 127ਵਾਂ ਐਪੀਸੋਡ ਹੋਵੇਗਾ।ਪ੍ਰਧਾਨ ਮੰਤਰੀ ਵੱਲੋਂ ਇਸ ਪ੍ਰੋਗਰਾਮ ਵਿਚ ਸ਼ਾਮਿਲ ਕੀਤੇ ਜਾਣ ਲਈ ਵਿਸ਼ਿਆਂ ਜਾਂ ਮੁੱਦਿਆਂ ਬਾਰੇ ਤੁਸੀਂ ਆਪਣੇ ਸੁਝਾਅ ਦੇ ਸਕਦੇ ਹੋ। ਸੁਝਾਵਾਂ ਨੂੰ MY GOV ਓਪਨ ਫੋਰਮ 'ਤੇ ਸਾਂਝਾ ਕੀਤਾ ਜਾ ਸਕਦਾ ਏ। ਵਿਕਲਪਕ ਤੌਰ 'ਤੇ, ਤੁਸੀਂ ਟੋਲ-ਫ੍ਰੀ ਨੰਬਰ 1800-11-7800 'ਤੇ ਵੀ ਡਾਇਲ ਕਰ ਸਕਦੇ ਹੋ ਅਤੇ ਪ੍ਰਧਾਨ ਮੰਤਰੀ ਲਈ ਆਪਣਾ ਸੰਦੇਸ਼ ਹਿੰਦੀ ਜਾਂ ਅੰਗਰੇਜ਼ੀ ਵਿਚ ਰਿਕਾਰਡ ਕਰ ਸਕਦੇ ਹੋ। ਕੁਝ ਰਿਕਾਰਡ ਕੀਤੇ ਸੁਨੇਹੇ ਪ੍ਰਸਾਰਣ ਦਾ ਹਿੱਸਾ ਬਣ ਸਕਦੇ ਨੇ। ਸੁਝਾਅ ਇਸ ਮਹੀਨੇ ਦੀ 24 ਤਰੀਕ ਤੱਕ ਸਵੀਕਾਰ ਕੀਤੇ ਜਾਣਗੇ।

----------------------------------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਬੀਤੇ ਕੱਲ੍ਹ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਝੋਨੇ ਦੀ ਚੱਲ ਰਹੀ ਖ਼ਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ ਤੇ ਅਧਿਕਾਰੀਆਂ ਨੂੰ ਖ਼ਰੀਦ ਸੀਜ਼ਨ ਨੂੰ ਨਿਰਵਿਘਨ ਅਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ’ਤੇ ਜ਼ੋਰ ਦਿੱਤਾ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈਜ਼, ਜ਼ਿਲ੍ਹਾ ਮੰਡੀ ਬੋਰਡ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਖ਼ਰੀਦ ਪ੍ਰਕਿਰਿਆ ਦੀ

ਨਿਗਰਾਨੀ ਲਈ ਮੰਡੀਆਂ ਵਿੱਚ ਲਗਾਤਾਰ ਦੌਰੇ ਕਰਨ ਦੀਆਂ ਹਦਾਇਤਾਂ ਕੀਤੀਆਂ, ਤਾਂ ਜੋ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਡਾ. ਅਗਰਵਾਲ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਨਾਲ ਹੋਣ ਵਾਲੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਉਤਸ਼ਾਹਿਤ ਕੀਤਾ ਜਾਵੇ।

---------------------------------------------------------------------------------

ਉਧਰ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਐ ਕਿ ਕੱਲ੍ਹ ਤੱਕ, ਵੱਖ-ਵੱਖ ਖਰੀਦ ਏਜੰਸੀਆਂ ਨੇ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 3 ਲੱਖ 64 ਹਜ਼ਾਰ ਮੀਟ੍ਰਿਕ ਟਨ ਝੋਨਾ ਖਰੀਦਿਆ ਏ। ਉਨ੍ਹਾਂ ਕਿਹਾ ਕਿ ਹੁਣ ਤੱਕ ਖਰੀਦੇ ਗਏ ਝੋਨੇ ਲਈ ਕੁੱਲ 790.04 ਕਰੋੜ ਰੁਪਏ ਦੀ ਅਦਾਇਗੀ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰ ਦਿੱਤੀ ਗਈ ਏ।